**ਗਉੜੀ ਬੈਰਾਗਣਿ ਮਹਲਾ ੪ ॥ ਜਿਸੁ ਮਿਲਿਐ ਮਨਿ ਹੋਇ ਅਨੰਦੁ ਸੋ ਸਤਿਗੁਰੁ ਕਹੀਐ ॥ ਮਨ ਕੀ ਦੁਬਿਧਾ ਬਿਨਸਿ ਜਾਇ ਹਰਿ ਪਰਮ ਪਦੁ ਲਹੀਐ ॥੧॥ ਮੇਰਾ ਸਤਿਗੁਰੁ ਪਿਆਰਾ ਕਿਤੁ ਬਿਧਿ ਮਿਲੈ ॥ ਹਉ ਖਿਨੁ ਖਿਨੁ ਕਰੀ ਨਮਸਕਾਰੁ ਮੇਰਾ ਗੁਰੁ ਪੂਰਾ ਕਿਉ ਮਿਲੈ ॥੧॥ ਰਹਾਉ ॥ ਕਰਿ ਕਿਰਪਾ ਹਰਿ ਮੇਲਿਆ ਮੇਰਾ ਸਤਿਗੁਰੁ ਪੂਰਾ ॥ ਇਛ ਪੁੰਨੀ ਜਨ ਕੇਰੀਆ ਲੇ ਸਤਿਗੁਰ ਧੂਰਾ ॥੨॥ ਹਰਿ ਭਗਤਿ ਦ੍ਰਿੜਾਵੈ ਹਰਿ ਭਗਤਿ ਸੁਣੈ ਤਿਸੁ ਸਤਿਗੁਰ ਮਿਲੀਐ ॥ ਤੋਟਾ ਮੂਲਿ ਨ ਆਵਈ ਹਰਿ ਲਾਭੁ ਨਿਤਿ ਦ੍ਰਿੜੀਐ ॥੩॥ ਜਿਸ ਕਉ ਰਿਦੈ ਵਿਗਾਸੁ ਹੈ ਭਾਉ ਦੂਜਾ ਨਾਹੀ ॥ ਨਾਨਕ ਤਿਸੁ ਗੁਰ ਮਿਲਿ ਉਧਰੈ ਹਰਿ ਗੁਣ ਗਾਵਾਹੀ ॥੪॥੮॥੧੪॥੫੨॥**

**{ਪੰਨਾ 168}**

ਪਦਅਰਥ:- ਮਨਿ—ਮਨ ਵਿਚ। ਦੁਬਿਧਾ—ਦੁਚਿੱਤਾ-ਪਨ, ਡਾਵਾਂ-ਡੋਲ ਦਸ਼ਾ। ਪਰਮ ਪਦੁ—ਸਭ ਤੋਂ ਉੱਚੀ ਆਤਮਕ ਅਵਸਥਾ।1।

ਕਿਤੁ ਬਿਧਿ—ਕਿਸ ਤਰੀਕੇ ਨਾਲ? ਕਰੀ—ਕਰੀਂ, ਮੈਂ ਕਰਦਾ ਹਾਂ। ਕਿਉ—ਕਿਵੇਂ?।1। ਰਹਾਉ।

ਕਰਿ—ਕਰ ਕੇ। ਪੁੰਨੀ—ਪੂਰੀ ਹੋ ਗਈ। ਕੇਰੀਆ—ਦੀ। ਲੇ—ਲੈ ਕੇ।2।

ਦ੍ਰਿੜਾਵੈ—(ਹਿਰਦੇ ਵਿਚ) ਪੱਕੀ ਕਰ ਦੇਂਦਾ ਹੈ। ਤੋਟਾ—ਘਾਟਾ। ਮੂਲਿ ਨ—ਬਿਲਕੁਲ ਨਹੀਂ। ਆਵਈ—ਆਵੈ, ਆਉਂਦਾ।3।

ਰਿਦੈ—ਹਿਰਦੇ ਦਾ। ਵਿਗਾਸੁ—ਖਿੜਾਉ। ਭਾਉ ਦੂਜਾ—ਪ੍ਰਭੂ ਤੋਂ ਬਿਨਾ ਕਿਸੇ ਹੋਰ ਦਾ ਮੋਹ। ਗੁਰ ਮਿਲਿ—ਗੁਰੂ ਨੂੰ ਮਿਲ ਕੇ। ਉਧਰੈ—(ਵਿਕਾਰਾਂ ਤੋਂ) ਬਚ ਜਾਂਦਾ ਹੈ। ਗਾਵਾਹੀ—ਗਾਵਹਿ, ਗਾਂਦੇ ਹਨ।4।

ਅਰਥ:- (ਹੇ ਭਾਈ! ਦੱਸ) ਮੇਰਾ ਪਿਆਰਾ ਗੁਰੂ (ਮੈਨੂੰ) ਕਿਸ ਤਰੀਕੇ ਨਾਲ ਮਿਲ ਸਕਦਾ ਹੈ? (ਜੇਹੜਾ ਮਨੁੱਖ ਮੈਨੂੰ ਇਹ ਦੱਸੇ ਕਿ) ਮੇਰਾ ਗੁਰੂ ਮੈਨੂੰ ਕਿਵੇਂ ਮਿਲ ਸਕਦਾ ਹੈ (ਉਸ ਦੇ ਅੱਗੇ) ਮੈਂ ਹਰ ਖਿਨ ਸਿਰ ਨਿਵਾਂਦਾ ਹਾਂ।1। ਰਹਾਉ।

ਜਿਸ ਦੇ ਮਿਲਿਆਂ ਮਨ ਵਿਚ ਆਨੰਦ ਪੈਦਾ ਹੋ ਜਾਏ, ਮਨ ਦੀ ਡਾਵਾਂ ਡੋਲ ਹਾਲਤ ਮੁੱਕ ਜਾਏ, ਪਰਮਾਤਮਾ ਦੇ ਮਿਲਾਪ ਦੀ ਸਭ ਤੋਂ ਉੱਚੀ ਆਤਮਕ ਅਵਸਥਾ ਪੈਦਾ ਹੋ ਜਾਏ, ਉਸ ਨੂੰ ਹੀ ਗੁਰੂ ਕਿਹਾ ਜਾ ਸਕਦਾ ਹੈ।1।

ਪਰਮਾਤਮਾ ਨੇ ਕਿਰਪਾ ਕਰ ਕੇ ਜਿਸ ਮਨੁੱਖ ਨੂੰ ਮੇਰਾ ਪੂਰਾ ਗੁਰੂ ਮਿਲਾ ਦਿੱਤਾ, ਗੁਰੂ ਦੇ ਚਰਨਾਂ ਦੀ ਧੂੜ ਹਾਸਲ ਕਰ ਕੇ ਉਸ ਮਨੁੱਖ ਦੀ (ਹਰੇਕ ਕਿਸਮ ਦੀ) ਇੱਛਾ ਪੂਰੀ ਹੋ ਜਾਂਦੀ ਹੈ।2।

(ਹੇ ਭਾਈ!) ਉਸ ਗੁਰੂ ਨੂੰ ਮਿਲਣਾ ਚਾਹੀਦਾ ਹੈ ਜੇਹੜਾ (ਮਨੁੱਖ ਦੇ ਹਿਰਦੇ ਵਿਚ) ਪਰਮਾਤਮਾ ਦੀ ਭਗਤੀ ਪੱਕੀ ਬਿਠਾ ਦੇਂਦਾ ਹੈ (ਜਿਸ ਨੂੰ ਮਿਲ ਕੇ ਮਨੁੱਖ) ਪਰਮਾਤਮਾ ਦੀ ਸਿਫ਼ਤਿ-ਸਾਲਾਹ (ਸ਼ੌਕ ਨਾਲ) ਸੁਣਦਾ ਹੈ, (ਜਿਸ ਨੂੰ ਮਿਲ ਕੇ ਮਨੁੱਖ) ਪਰਮਾਤਮਾ ਦੇ ਨਾਮ-ਧਨ ਦੀ ਖੱਟੀ ਸਦਾ ਖੱਟਦਾ ਹੈ (ਤੇ ਇਸ ਖੱਟੀ ਵਿਚ) ਕਦੇ ਘਾਟਾ ਨਹੀਂ ਪੈਂਦਾ।3।

ਹੇ ਨਾਨਕ! ਜਿਸ ਗੁਰੂ ਨੂੰ (ਧੁਰੋਂ ਪ੍ਰਭੂ ਵਲੋਂ) ਹਿਰਦੇ ਦਾ ਖਿੜਾਉ ਮਿਲਿਆ ਹੋਇਆ ਹੈ (ਜਿਸ ਦੇ ਅੰਦਰ) ਪਰਮਾਤਮਾ ਤੋਂ ਬਿਨਾ ਕੋਈ ਹੋਰ ਮੋਹ ਨਹੀਂ, ਉਸ ਗੁਰੂ ਨੂੰ ਮਿਲ ਕੇ ਮਨੁੱਖ (ਵਿਕਾਰਾਂ ਤੋਂ) ਬਚ ਨਿਕਲਦਾ ਹੈ (ਉਸ ਗੁਰੂ ਨੂੰ ਮਿਲ ਕੇ ਮਨੁੱਖ) ਪਰਮਾਤਮਾ ਦੇ ਗੁਣ ਗਾਂਦੇ ਹਨ।4।8।14।52।

ਨੋਟ:

ਗਉੜੀ ਬੈਰਾਗਣਿ — 8 ਸ਼ਬਦ

ਗਉੜੀ ਗੁਆਰੇਰੀ — 6 ਸ਼ਬਦ

ਗਉੜੀ ਮ: 3 — 18 ਸ਼ਬਦ

ਗਉੜੀ ਮ: 1 — 20 ਸ਼ਬਦ

. . . . . . . . ——:

. . ਕੁੱਲ ਜੋੜ . . 52